3-Jan-SNG+BNL-Pages.qxd 1/3/2022 10:48 PM Page 8



# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਮੀਟਿੰਗ ਹੋਈ

ਬਰਨਾਲਾ, 3 ਜਨਵਰੀ (ਅਸ਼ੋਕ ਭਾਰਤੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਪੰਜਾਬ ਵਲੋਂ 10 ਜਨਵਰੀ ਨੂੰ ਦਾਣਾ ਮੰਡੀ ਬਰਨਾਲਾ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ 'ਜੁਝਾਰ ਰੈਲੀ' ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਤਰਕਸ਼ੀਲ ਭਵਨ ਬਰਨਾਲਾ ਵਿਖੇ ਦਰਸ਼ਨ ਸਿੰਘ ਉੱਗੋਕੇ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸੂਬਾ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਪੰਜਾਬ ਅੰਦਰ ਹੋ ਰਹੀਆਂ ਵਿਧਾਨ ਸਭਾ ਚੋਣਾਂ ਵਿਚ ਕਿਸੇ ਵੀ ਪਾਰਟੀ ਜਾਂ ਧੜੇ ਦੀ ਹਮਾਇਤ ਨਹੀਂ ਕਰੇਗੀ। ਸਗੋਂ ਆਪਣਾ ਜਥੇਬੰਦਕ ਏਕੇ ਨੂੰ ਹੋਰ ਮਜ਼ਬੂਤ ਕਰਨ, ਪੰਜਾਬ ਸਰਕਾਰ ਨੂੰ ਕਿਸਾਨਾਂ-ਮਜਦੂਰਾਂ ਦਾ ਸਮੁੱਚਾ ਕਰਜ਼ਾ ਮੁਆਫ਼ ਕਰਨ ਅਤੇ ਭਾਰਤੀ ਹਾਕਮਾਂ ਨੂੰ ਵਿਸ਼ਵ ਵਪਾਰ ਸੰਸਥਾ ਵਿਚੋਂ ਬਾਹਰ ਆਉਣ ਲਈ ਮਜਬੂਰ ਕਰਨ ਵਾਸਤੇ ਸੰਘਰਸ਼ਾਂ ਉੱਪਰ ਟੇਕ ਰੱਖਣ ਲਈ 10 ਜਨਵਰੀ ਨੂੰ ਦਾਣਾ ਮੰਡੀ ਬਰਨਾਲਾ ਵਿਖੇ ਵਿਸ਼ਾਲ ਸੂਬਾਈ 'ਜੁਝਾਰ ਰੈਲੀ' ਕੀਤੀ ਜਾਵੇਗੀ। ਇਸ ਸਬੰਧੀ ਸਮੁੱਚੀ ਵਿਉਂਤਬੰਦੀ ਕਰ ਕੇ ਆਗੂਆਂ ਦੀਆਂ ਡਿਊਟੀ ਵੰਡ ਕੀਤੀ ਗਈ। ਪੂਰੇ ਬਰਨਾਲਾ ਜ਼ਿਲ੍ਹੇ ਨੂੰ ਵੱਖ-ਵੱਖ ਆਗੂ ਟੀਮਾਂ ਵਿਚ ਵੰਡ ਕੇ ਪਿੰਡ-ਪਿੰਡ ਤਿਆਰੀਆਂ ਕਰਨ ਦਾ ਤਹਿ ਕੀਤਾ ਗਿਆ। ਆਗੂਆਂ ਬਲਵੰਤ ਸਿੰਘ ਉੱਪਲੀ, ਦਰਸ਼ਨ ਸਿੰਘ ਉੱਗੋਕੇ ਨੇ ਕਿਹਾ ਕਿ ਜਥੇਬੰਦੀ ਦਾ ਦ੍ਰਿੜ੍ਹ ਵਿਸ਼ਵਾਸ ਹੈ ਕਿ ਦ੍ਰਿੜ੍ਹ ਸੰਘਰਸ਼ਾਂ ਦੇ ਜ਼ੋਰ ਹੀ ਕਿਸਾਨੀ ਮੰਗਾਂ ਦੀ ਪ੍ਰਾਪਤੀ ਕੀਤੀ ਜਾ ਸਕਦੀ ਹੈ। ਕਾਲੇ ਕਾਨੂੰਨਾਂ ਖ਼ਿਲਾਫ਼ ਚੱਲੇ ਇਤਿਹਾਸਕ ਜੇਤੂ ਅੰਦੋਲਨ ਵਿਚ ਹਰ ਪੱਧਰ ਦੀਆਂ ਆਗੂ ਟੀਮਾਂ ਵਲੋਂ ਨਿਭਾਈ ਜ਼ਿੰਮੇਵਾਰਾਨਾਂ ਭੂਮਿਕਾ ਦੀ ਜ਼ੋਰਦਾਰ ਸ਼ਲਾਘਾ ਕੀਤੀ ਗਈ। 10 ਜਨਵਰੀ 2022 ਨੂੰ ਦਾਣਾ ਮੰਡੀ ਬਰਨਾਲਾ ਵਿਖੇ ਹੋਣ ਵਾਲੀ ਜੁਝਾਰੂ ਰੈਲੀ ਵਿਚ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਨੌਜਵਾਨਾਂ ਅਤੇ ਅੱਧ ਸੰਸਾਰ ਦੀਆਂ ਮਾਲਕ ਔਰਤਾਂ ਨੂੰ ਪਰਿਵਾਰਾਂ ਸਮੇਤ ਕਾਫ਼ਲੇ ਬੰਨ੍ਹ ਕੇ ਪੁੱਜਣ ਦੀ ਅਪੀਲ ਕੀਤੀ ਗਈ। ਇਸ ਮੌਕੇ ਪਰਮਿੰਦਰ ਸਿੰਘ ਹੰਡਿਆਇਆ, ਬਾਬੂ ਸਿੰਘ ਖੁੱਡੀ ਕਲਾਂ, ਭੋਲਾ ਸਿੰਘ ਛੰਨਾਂ, ਕੁਲਵੰਤ ਸਿੰਘ ਭਦੌੜ, ਕਾਲਾ ਸਿੰਘ ਜੈਦ, ਹਰਮੇਲ ਸਿੰਘ ਖੁੱਡੀ ਕਲਾਂ, ਸਾਹਿਬ ਸਿੰਘ ਬਡਬਰ, ਦਰਸ਼ਨ ਸਿੰਘ ਮਹਿਤਾ, ਗੋਪਾਲ ਕ੍ਰਿਸ਼ਨ ਹਮੀਦੀ, ਮਹਿੰਦਰ ਸਿੰਘ ਅਸਪਾਲ ਕਲਾਂ, ਭੁਪਿੰਦਰ ਸਿੰਘ ਢਿੱਲਵਾਂ ਆਦਿ ਹਾਜ਼ਰ ਸਨ।



ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਖੁੱਡੀ ਕਲਾਂ ਆਪਣੇ ਪਿੰਡ ਤੋਂ ਚੋਣ ਮੁਹਿੰਮ ਸ਼ੁਰੂ ਕਰਨ ਮੌਕੇ ਪਿੰਡ ਵਾਸੀਆਂ ਨਾਲ। ਤਸਵੀਰ : ਗੁਰਜੀਤ ਸਿੰਘ ਖੁੱਡੀ

# ਹਲਕਾ ਬਰਨਾਲਾ ਤੋਂ ਸ਼੍ਰੋਮਣੀ ਅਕਾਲੀ ਦਲ (ਅ) ਦੇ ਉਮੀਦਵਾਰ ਗੁਰਪ੍ਰੀਤ ਸਿੰਘ ਖੁੱਡੀ ਕਲਾਂ ਨੇ ਆਪਣੇ ਪਿੰਡ ਤੋਂ ਕੀਤੀ ਚੋਣ ਮੁਹਿੰਮ ਸ਼ੁਰੂ

ਹੰਡਿਆਇਆ, 3 ਜਨਵਰੀ (ਗੁਰਜੀਤ ਸਿੰਘ ਖੁੱਡੀ)-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹਲਕਾ ਬਰਨਾਲਾ ਤੋਂ ਉਮੀਦਵਾਰ ਗੁਰਪ੍ਰੀਤ ਸਿੰਘ ਖੁੱਡੀ ਕਲਾਂ ਨੇ ਪਿੰਡ ਖੁੱਡੀ ਕਲਾਂ ਤੋਂ ਚੋਣ ਮੁਹਿੰਮ ਦੀ ਸ਼ੁਰੂਆਤ ਕੀਤੀ। ਜਿਸ ਵਿਚ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਮੰਡੇਰ ਅਤੇ ਗੁਰਪ੍ਰੀਤ ਸਿੰਘ ਖੁੱਡੀ ਕਲਾਂ ਨੇ ਕਿਹਾ ਕਿ ਪੰਥਕ ਸੋਚ ਰੱਖਣ ਵਾਲੇ ਉਮੀਦਵਾਰਾਂ ਨੂੰ ਹੀ ਚੁਣਿਆ ਜਾਣਾ ਚਾਹੀਦਾ ਹੈ ਕਿਉਂਕਿ ਪਿਛਲੀਆਂ ਸਰਕਾਰਾਂ ਨੇ ਰੇਤਾ, ਬਜਰੀ, ਕੇਬਲ, ਟਰਾਂਸਪੋਰਟ ਦੇ ਕਾਰੋਬਾਰ ਚਲਾ ਕੇ ਪੰਜਾਬ ਦਾ ਬਹੁਤ ਵੱਡਾ ਨੁਕਸਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਅਕਾਲੀ, ਭਾਜਪਾ ਅਤੇ ਕਾਂਗਰਸ ਸਰਕਾਰਾਂ ਦੀਆਂ ਕਾਰਗੁਜ਼ਾਰੀ ਨੂੰ ਦੇਖ ਚੁੱਕੇ, ਜਿਨ੍ਹਾਂ ਨੇ ਆਪਣੇ ਪਰਿਵਾਰ ਪਾਲਨ ਤੋਂ ਬਿਨਾਂ ਪੰਜਾਬ ਦੇ ਭਲੇ ਲਈ ਕੁਝ ਵੀ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ: ਸਿਮਰਜੀਤ ਸਿੰਘ ਮਾਨ ਵਲੋਂ ਪੰਜਾਬ ਵਿਚ ਪੰਥਕ ਸੋਚ ਰੱਖਣ ਵਾਲੇ ਉਮੀਦਵਾਰਾਂ ਨੂੰ ਉਤਾਰਿਆ ਹੈ। ਇਸ ਮੌਕੇ ਲਖਵੀਰ ਸਿੰਘ ਲੱਖਾ, ਸਤਨਾਮ ਸਿੰਘ, ਬਿੰਦਰ ਸਿੰਘ, ਰਾਮ ਸਿੰਘ, ਮੱਖਣ ਸਿੰਘ ਆਦਿ ਸਮੇਤ ਪਿੰਡ ਵਾਸੀ ਹਾਜ਼ਰ ਸਨ।



ਡੀ.ਸੀ. ਦਫ਼ਤਰ ਅੱਗੇ ਧਰਨੇ ਦੌਰਾਨ ਸੰਬੋਧਨ ਕਰਨ ਮੌਕੇ ਮਹਿਲਾ ਕਿਸਾਨ ਆਗੂ। ਅਜੀਤ ਤਸਵੀਰ

# ਡੀ. ਸੀ. ਦਫ਼ਤਰ ਅੱਗੇ ਭਾਰਤੀ ਕਿਸਾਨ ਯੂਨੀਅਨ ਵਲੋਂ ਚੱਲ ਰਿਹਾ ਧਰਨਾ 15ਵੇਂ ਦਿਨ 'ਚ ਸ਼ਾਮਿਲ

ਬਰਨਾਲਾ, 3 ਜਨਵਰੀ (ਅਸ਼ੋਕ ਭਾਰਤੀ)-ਡੀ.ਸੀ. ਦਫ਼ਤਰ ਬਰਨਾਲਾ ਅੱਗੇ ਭਾਰਤੀ ਕਿਸਾਨ ਯੂਨੀਅਨ ਵਲੋਂ ਚੱਲ ਰਿਹਾ ਧਰਨਾ 15ਵੇਂ ਦਿਨ 'ਚ ਸ਼ਾਮਿਲ ਹੋ ਗਿਆ। ਇਸ ਮੌਕੇ ਕਿਸਾਨਾਂ ਵਲੋਂ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਜ਼ਿਲ੍ਹਾ ਬਰਨਾਲਾ ਵੱਲੋਂ ਜ਼ਿਲ੍ਹਾ ਪੱਧਰੇ ਚੱਲ ਰਹੇ ਧਰਨੇ ਅੱਜ ਪੰਦ੍ਹਰਵੇਂ ਦਿਨ ਵਿਚ ਪਹੁੰਚ ਚੁੱਕੇ ਹਨ। ਇਸ ਮੌਕੇ ਰੂਪ ਸਿੰਘ ਛੰਨਾ, ਹਰਦੀਪ ਸਿੰਘ ਟੱਲੇਵਾਲ, ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਨੈਣੇਵਾਲ, ਜਨਰਲ ਸਕੱਤਰ ਜਰਨੈਲ ਸਿੰਘ ਬਦਰਾ, ਭਗਤ ਸਿੰਘ ਛੰਨਾ, ਬਲਾਕ ਔਰਤ ਆਗੂ ਬਿੰਦਰ ਪਾਲ ਕੌਰ ਭਦੌੜ, ਗੁਰਜੀਤ ਕੌਰ ਦਾਨਗੜ੍ਹ, ਮਨਜੀਤ ਕੌਰ ਕਾਹਨੇਕੇ ਨੇ ਕਿਹਾ ਕਿ ਪੰਜਾਬ ਵਿਚ ਚੰਨੀ ਦੀ ਸਰਕਾਰ ਵਲੋਂ ਕੁੱਲ ਵਰਗ ਨੂੰ ਝੂਠੇ ਵਾਅਦੇ ਕਰ ਕੇ ਗੁਮਰਾਹ ਕੀਤਾ ਜਾ ਰਿਹਾ ਹੈ। ਸਾਡੇ ਬੇਰੁਜ਼ਗਾਰ ਬੱਚੇ ਬੱਚੀਆਂ ਨੂੰ ਬੇਰਹਿਮੀ ਨਾਲ ਕੁਟਾਪਾ ਚਾੜ੍ਹਿਆ ਜਾ ਰਿਹਾ ਹੈ, ਨਵਜੋਤ ਸਿੰਘ ਅਤੇ ਉਸ ਦੇ ਸੁਰੱਖਿਆ ਕਰਮਚਾਰੀਆਂ ਵਲੋਂ ਖਿੱਚਧੂਹ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੰਨੀਆਂ ਮੁੱਖ ਮੰਗਾਂ ਲਾਗੂ ਨਾ ਕਰਨਾ ਤੇ ਟਾਲਮਟੋਲ ਕੀਤਾ ਜਾ ਰਿਹਾ ਹੈ। ਫ਼ਸਲੀ ਖ਼ਰਾਬੇ ਦਾ ਮੁਆਵਜ਼ਾ ਸਿਰਫ਼ 5 ਏਕੜ ਤੱਕ ਦੇਣ ਵਾਲੀ ਬੇਤੁਕੀ ਸ਼ਰਤ ਵੀ ਰੱਦ ਕਰਨ ਲਈ ਚੁੱਪ ਧਾਰ ਰੱਖੀ ਹੈ, ਆਨੀ ਬਹਾਨੀਂ ਟਾਲ ਦਿੱਤਾ ਜਾਂਦਾ ਹੈ। ਹੱਡ ਚੀਰਵੀਂ ਠੰਢ ਵਿਚ ਦਿਨੇ ਰਾਤ ਸੜਕਾਂ 'ਤੇ ਪਰਿਵਾਰਾਂ ਸਮੇਤ ਰੁਲਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਆਗੂਆਂ ਕਿਹਾ ਕਿ ਕਿਸਾਨਾਂ-ਮਜ਼ਦੂਰਾਂ ਤੇ ਜਮਹੂਰੀ ਹੱਕਾਂ ਦੀਆਂ ਜਥੇਬੰਦੀਆਂ ਨੂੰ ਮੌਜੂਦਾ ਹੱਕੀ ਸੰਘਰਸ਼ ਦੇ ਨਾਲ ਹੀ 5 ਜਨਵਰੀ ਦੇ ਰੋਸ ਪ੍ਰਦਰਸ਼ਨਾਂ ਵਿਚ ਵੀ ਵਧ ਚੜ੍ਹ ਕੇ ਸ਼ਾਮਿਲ ਹੋਣ ਅਤੇ ਸਾਥ ਦੇਣ ਦੀ ਅਪੀਲ ਕੀਤੀ। ਇਸ ਮੌਕੇ ਕ੍ਰਿਸ਼ਨ ਸਿੰਘ, ਸੁਖਦੇਵ ਸਿੰਘ, ਮਾਨ ਸਿੰਘ, ਬੂਟਾ ਸਿੰਘ, ਸੁਖਦੇਵ ਕੌਰ ਠੁੱਲੀਵਾਲ, ਭਜਨ ਕੌਰ ਕੁੱਬੇ, ਜਸਵੰਤ ਕੌਰ ਖੇੜੀ, ਕੁਲਵਿੰਦਰ ਕੌਰ ਵਜੀਦਕੇ ਆਦਿ ਆਗੂ ਹਾਜ਼ਰ ਸਨ।



ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਦੇ ਵਿਦਿਆਰਥੀ ਤੇ ਅਧਿਆਪਕ ਟੂਰ ਦੌਰਾਨ ਸੰਸਥਾ ਦੇ ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ ਤੇ ਪ੍ਰਧਾਨ ਅਮਰਜੀਤ ਕੌਰ ਬਬਲੀ ਖੀਪਲ ਨਾਲ। ਅਜੀਤ ਤਸਵੀਰ

# ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਲਗਾਇਆ ਵਿੱਦਿਅਕ ਟੂਰ-ਵਿਦਿਆਰਥੀਆਂ ਨੂੰ ਸਰਬਪੱਖੀ ਗਿਆਨ ਦੇਣਾ ਸਾਡਾ ਟੀਚਾ-ਚੇਅਰਮੈਨ ਬਿੰਦੀ

ਰੂੜੇਕੇ ਕਲਾਂ, 3 ਜਨਵਰੀ (ਗੁਰਪ੍ਰੀਤ ਸਿੰਘ ਕਾਹਨੇਕੇ)-ਇੰਟਰਨੈਸ਼ਨਲ ਪੱਧਰ ਦੀ ਪੜ੍ਹਾਈ ਕਰਵਾ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਦੇ ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ, ਪ੍ਰਧਾਨ ਅਮਰਜੀਤ ਕੌਰ ਬਬਲੀ ਖੀਪਲ ਦੀ ਅਗਵਾਈ ਵਿਚ ਸੰਸਥਾ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੰਜ ਰੋਜ਼ਾ ਵਿੱਦਿਅਕ ਟੂਰ ਲਗਾਇਆ। ਟੂਰ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ ਨੇ ਦੱਸਿਆ ਕਿ ਪੰਜ ਰੋਜ਼ਾ ਟੂਰ ਦੌਰਾਨ ਸੰਸਥਾ ਦੇ ਵਿਦਿਆਰਥੀਆਂ ਨੂੰ ਜੈਪੁਰ, ਅਜਮੇਰ, ਪੁਸ਼ਕਰ ਦੇ ਪ੍ਰਸਿੱਧ ਸਥਾਨ ਬ੍ਰਹਮਾ ਮੰਦਿਰ, ਦਰਗਾਹ ਸ਼ਰੀਫ਼ ਅਜਮੇਰ, ਸਿਟੀ ਪੈਲਿਸ, ਅਮੇਰ ਪੈਲਿਸ, ਹਵਾ ਮਹਿਲ, ਸੀਸ ਮਹਿਲ, ਜਲ ਮਹਿਲ ਤੋਂ ਇਲਾਵਾ ਧਾਰਮਿਕ, ਸਮਾਜਿਕ ਤੇ ਵਿੱਦਿਅਕ ਪ੍ਰਸਿੱਧ ਸਥਾਨਾਂ ਦਾ ਟੂਰ ਕਰਵਾ ਕੇ ਭੂਗੋਲਿਕ, ਰਾਜਨੀਤਿਕ, ਧਾਰਮਿਕ, ਕੁਦਰਤੀ ਵਾਤਾਵਰਨ, ਵਿਗਿਆਨ ਸਿੱਖਿਆ ਸਬੰਧੀ ਵਿਸ਼ਾ ਮਾਹਿਰਾਂ ਵਲੋਂ ਵਿਸਥਾਰ ਨਾਲ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਚੇਅਰਮੈਨ ਬਿੰਦੀ ਨੇ ਕਿਹਾ ਸਾਡੀ ਸੰਸਥਾ ਦਾ ਮੁੱਖ ਟੀਚਾ ਵਿਦਿਆਰਥੀਆਂ ਨੂੰ ਸਰਵਪੱਖੀ ਗਿਆਨ ਦੇਣਾ ਹੈ। ਜਿਸ ਤਹਿਤ ਕਿ ਸਾਡੀ ਸੰਸਥਾ ਵਲੋਂ ਗਲੋਬਲ ਕਨੈੱਕਟ ਪ੍ਰੋਗਰਾਮ ਤਹਿਤ ਵਿਦੇਸ਼ਾਂ ਦੀਆਂ ਦਰਜਨਾਂ ਵਿੱਦਿਅਕ ਸੰਸਥਾਵਾਂ ਨਾਲ ਵਿਦਿਆਰਥੀਆਂ ਨੂੰ ਸਾਂਝੀ ਪੜ੍ਹਾਈ ਕਰਵਾਈ ਜਾ ਰਹੀ ਹੈ। ਇਸੇ ਕੜੀ ਤਹਿਤ ਕਿਤਾਬਾਂ ਤੋਂ ਪ੍ਰਾਪਤ ਗਿਆਨ ਨੂੰ ਪ੍ਰੈਕਟੀਕਲ ਕਰਵਾਉਣ ਲਈ ਵਿੱਦਿਅਕ ਟੂਰ ਕਰਵਾਏ ਜਾ ਰਹੇ ਹਨ। ਇਸ ਮੌਕੇ ਸੰਸਥਾ ਦੇ ਵਿਦਿਆਰਥੀ ਤੇ ਅਧਿਆਪਕ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਹਰਮਨ ਸਿੰਘ ਸੰਧੂ
ਪਿਤਾ : ਬਲਵੰਤ ਸਿੰਘ ਸੰਧੂ
ਮਾਤਾ : ਗੁਰਪ੍ਰੀਤ ਕੌਰ ਸੰਧੂ
ਵਾਸੀ : ਝਲੂਰ ਬਰਨਾਲਾ)



ਕਰਨਵੀਰ ਸਿੰਘ ਔਜਲਾ
ਪਿਤਾ : ਜਗਤਾਰ ਸਿੰਘ
ਮਾਤਾ : ਲਵਦੀਪ ਕੌਰ
ਵਾਸੀ : ਛਾਹੜ



ਗੀਤਇੰਦਰ ਕੌਰ
ਪਿਤਾ : ਅਮਨਦੀਪ ਸਿੰਘ ਚਹਿਲ
ਮਾਤਾ : ਅਮਨਦੀਪ ਕੌਰ ਚਹਿਲ
ਵਾਸੀ : ਬਰਨਾਲਾ



ਵਿਕਰਮਜੀਤ ਸਿੰਘ ਮਾਨ
ਪਿਤਾ : ਸਤਵੰਤ ਸਿੰਘ
ਮਾਤਾ : ਬੇਅੰਤ ਕੌਰ
ਵਾਸੀ : ਕੋਟਦੁੰਨਾ (ਬਰਨਾਲਾ)



ਸਹਿਜਦੀਪ ਕੌਰ
ਪਿਤਾ : ਵਿੱਕੀ
ਮਾਤਾ : ਰਜਿੰਦਰ ਕੌਰ
ਵਾਸੀ : ਬਰਨਾਲਾ

# ਭਲਕੇ ਬਿਜਲੀ ਬੰਦ ਰਹੇਗੀ

ਤਪਾ ਮੰਡੀ, 3 ਜਨਵਰੀ (ਪ੍ਰਵੀਨ ਗਰਗ)-ਪਾਵਰਕਾਮ ਤਪਾ-2 ਦੇ ਐਸ.ਡੀ.ਓ. ਸਤੀਸ਼ ਬਾਂਸਲ ਅਤੇ ਜੇ.ਈ. ਕੰਵਲਜੀਤ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਮਿਤੀ 5 ਅਤੇ 6 ਜਨਵਰੀ ਦਿਨ ਬੁੱਧਵਾਰ ਅਤੇ ਵੀਰਵਾਰ ਨੂੰ ਸਬ ਸਟੇਸ਼ਨ ਤਪਾ ਤੋਂ ਚੱਲਦੇ 11 ਕੇ.ਵੀ. ਫੀਡਰ (ਬਰਨਾਲਾ) ਕੈਟਾਗਰੀ ਨੰਬਰ-1 ਦੀ ਬਿਜਲੀ ਸਪਲਾਈ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਬੰਦ ਰਹੇਗੀ। ਜਿਸ ਨਾਲ 11 ਕੇ.ਵੀ. (ਦਿਹਾਤੀ) ਫੀਡਰ ਘੁੰਨਸ ਅਤੇ ਖੁੱਡੀ ਫੀਡਰ ਦੇ ਇਲਾਕੇ ਪ੍ਰਭਾਵਿਤ ਰਹਿਣਗੇ।

Tantia University
(Established by State Government Act 32 of 2013 u/s 2 (f) of UGC Act 1956)
SRI GANGANAGAR (RAJASTHAN)
Excellence Innovation Achievement
MEDICAL SCIENCE M.B.B.S.
VETERINARY SCIENCE B.V.Sc. & A.H.
AYURVEDA BAMS, M.D. (Ayurveda)
HOMOEOPATHY BHMS, M.D. (Homoeopathy)
*Admission For NEET Qualified & As Per Govt. Norms
-: OTHER COURSES :-
♦ M.Sc. Nursing ♦ B.Sc. Nursing ♦ Post Basic B.Sc. Nursing ♦ BPT ♦ MPT ♦ D.Pharmacy ♦ Ayurvedic Nursing ♦ BA LLB ♦ LLB ♦ LLM ♦ MA ♦ M.Ed. ♦ AHDP ♦ Ph.D
0154-2494125 | 94140-93087 | 94140-93083 | 94140-93082
TOLL FREE : 1800 123 1981
Email : admission@tantiauniversity.com | Visit us on : www.tantiauniversity.com



ਪੱਤੀ ਰੋਡ ਬਰਨਾਲਾ ਵਿਖੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸ: ਕੁਲਵੰਤ ਸਿੰਘ ਕੀਤੂ। ਅਜੀਤ ਤਸਵੀਰ

# 8 ਦੀ ਰੈਲੀ ਸੰਬੰਧੀ ਕੁਲਵੰਤ ਸਿੰਘ ਕੀਤੂ ਵਲੋਂ ਪਿੰਡਾਂ ਅਤੇ ਸ਼ਹਿਰ ਦੇ ਵਾਰਡਾਂ 'ਚ ਮੀਟਿੰਗਾਂ

ਬਰਨਾਲਾ, 3 ਜਨਵਰੀ (ਗੁਰਪ੍ਰੀਤ ਸਿੰਘ ਲਾਡੀ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ: ਸੁਖਬੀਰ ਸਿੰਘ ਬਾਦਲ ਵਲੋਂ 8 ਜਨਵਰੀ ਨੂੰ ਬਰਨਾਲਾ ਵਿਖੇ ਕੀਤੀ ਜਾਣ ਵਾਲੀ ਰੈਲੀ ਦੇ ਸਬੰਧ ਵਿਚ ਅਕਾਲੀ-ਬਸਪਾ ਉਮੀਦਵਾਰ ਸ: ਕੁਲਵੰਤ ਸਿੰਘ ਕੀਤੂ ਵਲੋਂ ਵੱਖ-ਵੱਖ ਪਿੰਡਾਂ ਅਤੇ ਸ਼ਹਿਰ ਬਰਨਾਲਾ ਦੇ ਵਾਰਡਾਂ ਵਿਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਮੀਟਿੰਗਾਂ ਦੌਰਾਨ ਸ: ਕੁਲਵੰਤ ਸਿੰਘ ਕੀਤੂ ਨੇ ਅਕਾਲੀ ਆਗੂਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਇਸ ਰੈਲੀ ਵਿਚ ਵੱਡੀ ਗਿਣਤੀ ਵਿਚ ਪਹੁੰਚ ਕੇ ਸ: ਸੁਖਬੀਰ ਸਿੰਘ ਬਾਦਲ ਦੀ ਵਿਚਾਰਾਂ ਨੂੰ ਸੁਣਿਆ ਜਾਵੇ। ਸ: ਕੀਤੂ ਨੇ ਦੱਸਿਆ ਕਿ ਪਿੰਡਾਂ ਅਤੇ ਸ਼ਹਿਰ ਵਿਚ ਇਸ ਰੈਲੀ ਨੂੰ ਲੈ ਕੇ ਵਰਕਰਾਂ ਵਿਚ ਭਾਰੀ ਉਤਸ਼ਾਹ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਸਾਬਕਾ ਚੇਅਰਮੈਨ ਰੁਪਿੰਦਰ ਸਿੰਘ ਸੰਧੂ, ਸੀਨੀਅਰ ਯੂਥ ਆਗੂ ਦਵਿੰਦਰ ਸਿੰਘ ਬੀਹਲਾ, ਜ਼ਿਲ੍ਹਾ ਯੂਥ ਪ੍ਰਧਾਨ ਤਰਨਜੀਤ ਸਿੰਘ ਦੁੱਗਲ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਢਿੱਲੋਂ, ਸੀਨੀਅਰ ਆਗੂ ਜਤਿੰਦਰ ਜਿੰਮੀ, ਨੀਰਜ ਗਰਗ, ਹਰਚਰਨ ਚੰਨਾ, ਕਾਰਤਿਕ ਸ਼ਰਮਾ ਆਦਿ ਆਗੂ ਹਾਜ਼ਰ ਸਨ।



ਸ਼ਹਿਣਾ ਰੈਲੀ ਦੌਰਾਨ ਰੋਸ ਜ਼ਾਹਰ ਕਰਦੇ ਹੋਏ ਪੰਚਾਇਤੀ ਆਗੂ। ਤਸਵੀਰ : ਸੁਰੇਸ਼ ਗੋਗੀ

# ਸ਼ਹਿਣਾ ਰੈਲੀ ਦੌਰਾਨ ਕੁਝ ਸਰਪੰਚਾਂ ਨੇ ਭਦੌੜ ਹਲਕੇ ਨੂੰ ਗਰਾਂਟਾਂ ਨਾਮਾਤਰ ਦੇਣ ਦਾ ਮੁੱਦਾ ਉਛਾਲਿਆ

ਸ਼ਹਿਣਾ, 3 ਜਨਵਰੀ (ਸੁਰੇਸ਼ ਗੋਗੀ)-ਸ਼ਹਿਣਾ ਵਿਖੇ ਕਾਂਗਰਸ ਦੀ ਰੈਲੀ ਦੌਰਾਨ ਸਥਿਤੀ ਉਸ ਸਮੇਂ ਗੁੰਝਲਦਾਰ ਬਣ ਗਈ, ਜਦ ਨਵਜੋਤ ਸਿੰਘ ਸਿੱਧੂ ਸਟੇਜ ਤੋਂ ਆਪਣਾ ਭਾਸ਼ਣ ਸਮਾਪਤ ਕਰਨ ਉਪਰੰਤ ਸਨਮਾਨ ਲੈ ਰਹੇ ਸਨ, ਤਾਂ ਕੁਝ ਪਿੰਡਾਂ ਦੇ ਸਰਪੰਚਾਂ ਨੇ ਕੁਰਸੀਆਂ 'ਤੇ ਚੜ੍ਹ ਕੇ ਭਦੌੜ ਹਲਕੇ ਦੇ ਪਿੰਡਾਂ ਨੂੰ ਗਰਾਂਟਾਂ ਨਾਮਾਤਰ ਦੇਣ ਦਾ ਮੁੱਦਾ ਉਛਾਲਿਆ। ਸਬ ਡਵੀਜ਼ਨ ਤਪਾ ਨਾਲ ਸਬੰਧਤ ਪਿੰਡਾਂ ਦੇ ਸਰਪੰਚਾਂ ਨੇ ਕਿਹਾ ਕਿ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ 15 ਕਰੋੜ ਰੁਪਏ ਭਦੌੜ ਹਲਕੇ ਦੇ ਪਿੰਡਾਂ ਨੂੰ ਦੇਣ ਲਈ ਗਰਾਂਟ ਐਲਾਨੀ ਸੀ, ਜਿਸ ਵਿਚੋਂ 9 ਕਰੋੜ ਰੁਪਏ ਤਪਾ ਲਈ ਤੇ ਚਾਰ ਕਰੋੜ ਰੁਪਏ ਭਦੌੜ ਲਈ ਕਾਂਗਰਸ ਦੇ ਵੱਡੇ ਆਗੂ ਲੈ ਗਏ ਅਤੇ 81 ਪਿੰਡਾਂ ਦੀਆਂ ਪੰਚਾਇਤਾਂ ਨੂੰ ਸਿਰਫ਼ ਦੋ ਕਰੋੜ ਦੀ ਰਾਸ਼ੀ ਵੰਡੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਬਾਦੀ ਮੁਤਾਬਿਕ ਗਰਾਂਟਾਂ ਦੀ ਵੰਡ ਕੀਤੀ ਜਾਣੀ ਸੀ, ਪਰ ਨਾਮਾਤਰ ਗਰਾਂਟਾਂ ਮਿਲਣ 'ਤੇ ਪਿੰਡਾਂ ਦੇ ਸਰਪੰਚਾਂ ਵਿਚ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਚੋਣ ਜ਼ਾਬਤਾ ਲੱਗਣ ਤੋਂ ਪਹਿਲਾਂ ਜੇਕਰ ਪਿੰਡਾਂ ਦੀਆਂ ਪੰਚਾਇਤਾਂ ਨੂੰ ਹੱਕ ਮੁਤਾਬਿਕ ਗਰਾਂਟ ਨਾ ਮਿਲੀ, ਤਾਂ ਆਉਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਸਮੇਂ ਪੰਚਾਇਤੀ ਆਗੂ ਸੱਤਾਧਾਰੀ ਪਾਰਟੀ ਦਾ ਪੋਲਿੰਗ ਨਹੀਂ ਲਾਉਣਗੇ। ਜਿਸ 'ਤੇ ਨਵਜੋਤ ਸਿੰਘ ਸਿੱਧੂ ਨੇ ਸਰਪੰਚਾਂ ਦੇ ਰੋਹ ਅੱਗੇ ਝੁਕਦਿਆਂ ਮੁੜ ਸਟੇਜ ਸੰਭਾਲੀ 'ਤੇ ਕਿਹਾ ਕਿ ਪੰਚਾਇਤਾਂ ਨਾਲ ਸਬੰਧਤ 117 ਮੁੱਦੇ ਆਉਣ ਵਾਲੀ ਕਾਂਗਰਸ ਸਰਕਾਰ ਸਮੇਂ ਸੰਵਿਧਾਨ ਮੁਤਾਬਿਕ ਲਾਗੂ ਹੋਣਗੇ। ਉਨ੍ਹਾਂ ਕਿਹਾ ਕਿ ਸਰਪੰਚਾਂ ਨੂੰ ਪੂਰੇ ਅਧਿਕਾਰ ਦਿੱਤੇ ਜਾਣਗੇ, ਕੋਈ ਬੀ.ਡੀ.ਪੀ.ਓ. ਜਾਂ ਸੈਕਟਰੀ ਦੀ ਦਖ਼ਲ ਅੰਦਾਜ਼ੀ ਨਹੀਂ ਹੋਵੇਗੀ। ਪੰਚਾਇਤਾਂ ਦੇ ਖਾਤਿਆਂ ਵਿਚ ਗਰਾਂਟ ਆਵੇਗੀ ਤੇ ਪੰਚਾਇਤ ਆਪਣੀ ਮਰਜ਼ੀ ਨਾਲ ਖ਼ਰਚ ਕਰ ਸਕੇਗੀ।



ਹੰਡਿਆਇਆ ਵਿਖੇ ਭਾਜਪਾ ਦੇ ਸਾਬਕਾ ਪ੍ਰਧਾਨ ਗੁਰਮੀਤ ਸਿੰਘ ਬਾਵਾ ਦੀ ਅਗਵਾਈ ਵਿਚ ਪਿੰਡ ਧਨੌਲਾ ਖ਼ੁਰਦ ਦੇ ਪੰਚ ਹਰਬੰਸ ਸਿੰਘ ਖ਼ਾਲਸਾ ਭਾਜਪਾ 'ਚ ਸ਼ਾਮਿਲ ਹੁੰਦੇ ਹੋਏ। ਨਾਲ ਰਾਕੇਸ਼ ਕੁਮਾਰ, ਜਗਦੇਵ ਸਿੰਘ ਸੋਨੂੰ, ਜਸਵੀਰ ਬਾਵਾ, ਗੁਰਪ੍ਰੀਤ ਸਿੰਘ ਧਨੌਲਾ ਖ਼ੁਰਦ। ਤਸਵੀਰ : ਗੁਰਜੀਤ ਸਿੰਘ ਖੁੱਡੀ

ਪੰਜਾਬ ਦੇ ਮੁੱਖ ਮੰਤਰੀ
ਚਰਨਜੀਤ ਸਿੰਘ ਚੰਨੀ
ਦੀ
ਗਤੀਸ਼ੀਲ ਅਗਵਾਈ ਹੇਠ



ਭਾਰਤ ਭੂਸ਼ਨ ਆਸ਼ੂ
ਖ਼ੁਰਾਕ, ਸਿਵਲ ਸਪਲਾਈ
ਅਤੇ ਖਪਤਕਾਰ ਮਾਮਲੇ ਮੰਤਰੀ, ਪੰਜਾਬ
ਅਤੇ
ਗੁਰਕੀਰਤ ਸਿੰਘ ਕੋਟਲੀ
ਉਦਯੋਗ ਤੇ ਵਣਜ ਅਤੇ
ਵਿਗਿਆਨ ਤੇ ਤਕਨੀਕ ਮੰਤਰੀ, ਪੰਜਾਬ
ਵੱਲੋਂ
40 ਐਮ. ਐਲ. ਡੀ.
ਕਾਮਨ ਐਫ਼ੂਲੈਂਟ ਟਰੀਟਮੈਂਟ ਪਲਾਂਟ
(ਫੋਕਲ ਪੁਆਇੰਟ ਮੋਡਿਊਲ)
ਦਾ ਉਦਘਾਟਨ
ਮਿਤੀ 04.01.2022, ਦਿਨ ਮੰਗਲਵਾਰ ਨੂੰ ਸਵੇਰੇ 11:00 ਵਜੇ
ਤਾਜਪੁਰ ਰੋਡ, ਲੁਧਿਆਣਾ ਵਿਖੇ ਕੀਤਾ ਜਾਵੇਗਾ।



ਪ੍ਰਾਜੈਕਟ ਕੀਮਤ 84.5 ਕਰੋੜ
ਲਾਭਪਾਤਰੀ ਉਦਯੋਗ 73
ਪ੍ਰਾਜੈਕਟ ਦੀਆਂ ਮੁੱਖ ਵਿਸ਼ੇਸ਼ਤਾਵਾਂ:-
- ਵਾਤਾਵਰਣ ਵਿੱਚ ਪ੍ਰਦੂਸ਼ਣ ਦੀ ਕਮੀ
- ਉਦਯੋਗਾਂ ਨੂੰ ਅੰਦਰੂਨੀ ਟਰੀਟਮੈਂਟ ਤੋਂ ਰਾਹਤ
- ਹੁਨਰਮੰਦ ਵਿਅਕਤੀਆਂ ਵੱਲੋਂ ਕੇਂਦਰੀਕ੍ਰਿਤ ਤੇ ਬਿਹਤਰ ਟਰੀਟਮੈਂਟ
- ਟਰੀਟਮੈਂਟ ਲਈ ਪੂੰਜੀ ਅਤੇ ਸੰਚਾਲਨ ਲਾਗਤ ਵਿੱਚ ਬੱਚਤ
- ਨੇਮਬੰਦੀ ਅਦਾਰਿਆਂ ਵੱਲੋਂ ਇੱਕ ਜਗ੍ਹਾ ਤੋਂ ਨਿਗਰਾਨੀ

No:13/311/2021/12079
ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ
ਵਾਤਾਵਰਣ ਭਵਨ, ਨਾਭਾ ਰੋਡ, ਪਟਿਆਲਾ, ਫੋਨ : 0175-2302392, 2200557, ਫੈਕਸ : 0175-2215636



ਡਿਪਟੀ ਕਮਿਸ਼ਨਰ ਦਫ਼ਤਰ ਬਰਨਾਲਾ ਅੱਗੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਮਜ਼ਦੂਰ ਆਗੂ ਤੇ ਹੋਰ। ਅਜੀਤ ਤਸਵੀਰ

# ਸੀ. ਪੀ. ਆਈ. (ਐਮ. ਐਲ) ਲਿਬਰੇਸ਼ਨ ਵਲੋਂ ਡੀ. ਸੀ. ਦਫ਼ਤਰ ਅੱਗੇ ਦਿਨ-ਰਾਤ ਦਾ ਧਰਨਾ ਸ਼ੁਰੂ

ਬਰਨਾਲਾ, 3 ਜਨਵਰੀ (ਅਸ਼ੋਕ ਭਾਰਤੀ)-ਸੀ.ਪੀ.ਆਈ. (ਐਮ.ਐਲ) ਲਿਬਰੇਸ਼ਨ ਵਲੋਂ ਪਿੰਡ ਧੌਲਾ ਦੇ ਮਜ਼ਦੂਰਾਂ ਦੇ 1975 ਵਿਚ ਕੱਟੇ ਹੋਏ ਰਿਹਾਇਸ਼ੀ ਪਲਾਟਾਂ ਦੇ ਕਬਜ਼ੇ ਦਿਵਾਉਣ ਲਈ ਡਿਪਟੀ ਕਮਿਸ਼ਨਰ ਦਫ਼ਤਰ ਬਰਨਾਲਾ ਅੱਗੇ ਦਿਨ-ਰਾਤ ਦਾ ਧਰਨਾ ਸ਼ੁਰੂ ਕੀਤਾ ਗਿਆ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਲਿਬਰੇਸ਼ਨ ਦੇ ਸੂਬਾਈ ਆਗੂ ਕਾਮਰੇਡ ਗੁਰਪ੍ਰੀਤ ਰੂੜੇਕੇ ਨੇ ਕਿਹਾ ਕਿ ਪੰਜਾਬ ਸਰਕਾਰ ਗਰੀਬ ਲੋਕਾਂ ਨਾਲ ਹਮੇਸ਼ਾ ਹੀ ਵਿਤਕਰਾ ਕਰਦੀ ਆ ਰਹੀ ਹੈ ਜਿਵੇਂ ਕਿ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਕਿਹਾ ਗਿਆ ਸੀ ਕਿ ਬੇਘਰਾਂ ਨੂੰ ਪਲਾਟ ਦਿੱਤੇ ਜਾਣਗੇ ਪਰ ਪਿੰਡਾਂ ਦੀਆਂ ਪੰਚਾਇਤਾਂ ਵਲੋਂ ਕੋਈ ਪੜਤਾਲ ਨਹੀਂ ਕੀਤੀ ਜਾਂਦੀ ਅਤੇ ਨਾ ਹੀ ਕੋਈ ਗ੍ਰਾਮ ਪੰਚਾਇਤ ਇਜਲਾਸ ਕੀਤੇ ਗਏ ਹਨ ਵੱਡੀ ਪੱਧਰ 'ਤੇ ਮਜ਼ਦੂਰਾਂ ਨੂੰ ਪਲਾਟ ਸਕੀਮ ਤੋਂ ਵਾਂਝੇ ਰੱਖਿਆ ਗਿਆ। ਉਨ੍ਹਾਂ ਇਹ ਵੀ ਕਿਹਾ ਕਿ ਪਿੰਡ ਧੌਲਾ ਦੇ ਮਜਦੂਰਾਂ ਦੇ 1975 ਦੇ ਕੱਟੇ ਪਲਾਟਾਂ ਦਾ ਕਬਜ਼ਾ ਅੱਜ ਤੱਕ ਨਹੀਂ ਦਿਵਾਇਆ ਗਿਆ। ਉਨ੍ਹਾਂ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ 5 ਦਿਨਾਂ ਦੇ ਅੰਦਰ-ਅੰਦਰ ਧੌਲਾ ਦੇ ਮਜ਼ਦੂਰਾਂ ਨੂੰ ਪਲਾਟਾਂ ਦਾ ਕਬਜ਼ਾ ਨਾ ਦਿਵਾਇਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਬੂਟਾ ਸਿੰਘ ਧੌਲਾ, ਜਗਸੀਰ ਸਿੰਘ, ਬਿੱਕਰ ਸਿੰਘ, ਬਲਦੇਵ ਸਿੰਘ, ਰਾਮ ਲਾਲ, ਬੂਟਾ ਸਿੰਘ, ਪ੍ਰਕਾਸ਼ ਸਿੰਘ, ਜੀਤੋ ਕੌਰ, ਸੁਖਵਿੰਦਰ ਕੌਰ, ਛੋਟੀ ਕੌਰ, ਮਿੰਦੋ ਕੌਰ, ਗੁਰਮੀਤ ਕੌਰ, ਲਾਭ ਕੌਰ ਆਦਿ ਆਗੂ ਹਾਜ਼ਰ ਸਨ।